19-Oct-FZR-ABH-Pages.qxd 10/19/2025 10:02 PM Page 2

ਨਿਊ ਪੈਰਾਡਾਈਜ਼ ਸਕੂਲ ਦੇ ਵਿਦਿਆਰਥੀਆਂ ਨੇ ਮਨਾਇਆ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ

ਜ਼ੀਰਾ, 19 ਅਕਤੂਬਰ (ਪ੍ਰਤਾਪ ਸਿੰਘ ਹੀਰਾ)-ਮੱਖੂ ਰੋਡ ਜ਼ੀਰਾ ਵਿਖੇ ਸਥਿਤ ਨਿਊ ਪੈਰਾਡਾਈਜ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਚ ਵਿਦਿਆਰਥੀਆਂ ਵਲੋਂ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ ਹੈ। ਇਸ ਦੌਰਾਨ ਵਿਦਿਆਰਥੀਆਂ ਵਲੋਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ ਜਿਸ ਵਿਚ ਨਰਸਰੀ ਤੋਂ ਤੀਸਰੀ ਕਲਾਸ ਦੇ ਵਿਦਿਆਰਥੀਆਂ ਨੇ ਦੀਵੇ ਤੇ ਕੈਂਡਲ ਸਜਾਵਟ ਦੇ ਮੁਕਾਬਲੇ, ਚੌਥੇ ਤੋਂ ਛੇਵੀਂ ਕਲਾਸ ਦੇ ਵਿਦਿਆਰਥੀਆਂ ਵਿਚ ਕਾਰਡ ਬਣਾਉਣ ਤੇ ਵੇਸਟ ਮੈਟੀਰੀਅਲ ਤੋਂ ਸਜਾਵਟ ਦਾ ਸਮਾਨ ਬਣਾਉਂਦੇ ਦੇ ਮੁਕਾਬਲੇ, ਸੱਤਵੀਂ ਦੇ ਅੱਠਵੀਂ ਲਈ ਕਰਾਫ਼ਟ ਵਰਕ ਅਤੇ ਥਾਲ਼ੀ ਸਜਾਵਟ ਮੁਕਾਬਲੇ, ਨੌਵੀਂ ਤੋਂ ਬਾਰ੍ਹਵੀਂ ਕਲਾਸ ਵਿਦਿਆਰਥੀਆਂ ਵਿਚ ਰੰਗੋਲੀ ਅਤੇ ਥਾਲ਼ੀ ਸਜਾਵਟ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਕਲਾਸ ਕਮਰਿਆਂ ਦੀ ਸਜਾਵਟ ਕੀਤੀ ਅਤੇ ਮਠਿਆਈਆਂ ਦਾ ਆਦਾਨ ਪ੍ਰਦਾਨ ਕੀਤਾ। ਇਸ ਮੌਕੇ ਸਕੂਲ ਚੇਅਰਮੈਨ ਲਖਵਿੰਦਰ ਸਿੰਘ ਢਿੱਲੋਂ, ਐਮ.ਡੀ. ਮੈਡਮ ਜਸਪ੍ਰੀਤ ਕੌਰ ਅਤੇ ਸਕੂਲ ਮੁਖੀ ਸਤਿੰਦਰ ਸਿੰਘ ਵਲੋਂ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਤੇ ਦੀਵਾਲੀ ਦੇ ਇਤਿਹਾਸਿਕ ਪਿਛੋਕੜ ਬਾਰੇ ਦੱਸਿਆ ਗਿਆ ਤੇ ਪਟਾਕੇ ਨਾ ਚਲਾ ਕੇ ਗਰੀਨ ਦੀਵਾਲੀ ਮਨਾਉਣ ਲਈ ਪ੍ਰੇਰਤ ਕੀਤਾ ਗਿਆ। ਇਸ ਦੌਰਾਨ ਸਕੂਲ ਮੈਨੇਜਮੈਂਟ ਵਲੋਂ ਸਮੂਹ ਅਧਿਆਪਕਾਂ ਤੇ ਬਾਕੀ ਕਰਮਚਾਰੀਆਂ ਨੂੰ ਦੀਵਾਲੀ ਦੇ ਤੋਹਫ਼ੇ ਦੇ ਕੇ ਖੁਸ਼ਹਾਲ ਦੀਵਾਲੀ ਦੀ ਕਾਮਨਾ ਕੀਤੀ। ਇਸ ਮੌਕੇ ਸਕੂਲ ਸਟਾਫ਼ ਵਿਚ ਹਰਮਨਦੀਪ ਸਿੰਘ, ਨਵਜਤ ਕਰ, ਕਮਲਜੀਤ ਕੌਰ, ਹਰਪ੍ਰੀਤ ਕੌਰ, ਪਵਨਦੀਪ ਕੌਰ, ਅਰੁਣ ਬਾਲਾ, ਜਗਜੀਤ ਸਿੰਘ, ਸਾਹਿਲ ਅਰੋੜਾ, ਹਰਜੀਤ ਪਾਲ ਕੌਰ, ਨਰਿੰਦਰ ਕੌਰ, ਪਰਮਿੰਦਰ ਕੌਰ, ਹਰਨੂਰ ਕੌਰ, ਮੈਡਮ ਖ਼ੁਸ਼ਦੀਪ ਕੌਰ, ਗੁਰਪ੍ਰੀਤ ਕੌਰ, ਮੈਡਮ ਜੋਤੀ, ਮੈਡਮ ਪੂਜਾ ਅਤੇ ਜਸਵਿੰਦਰ ਕੌਰ ਹਾਜ਼ਰ ਸਨ।

ਨਿਊ ਪੈਰਾਡਾਈਜ਼ ਸਕੂਲ ਦੇ ਵਿਦਿਆਰਥੀ ਦੀਵਾਲੀ ਦਾ ਤਿਉਹਾਰ ਮਨਾਉਂਦੇ ਹੋਏ। ਤਸਵੀਰ-ਪ੍ਰਤਾਪ ਸਿੰਘ ਹੀਰਾ

ਸੱਭਿਆਚਾਰਕ ਪ੍ਰੋਗਰਾਮ 'ਚ ਪੇਸ਼ਕਾਰੀ ਕਰਨ ਵਾਲੇ ਬੱਚੇ ਸਕੂਲ ਅਧਿਆਪਕਾਂ ਤੇ ਸਥਾਨਕ ਲੋਕਾਂ ਨਾਲ। ਅਜੀਤ ਤਸਵੀਰ

ਡੀ. ਸੀ. ਮਾਡਲ ਸਕੂਲ ਦੇ ਵਿਦਿਆਰਥੀਆਂ ਨੇ ਪ੍ਰਦੂਸ਼ਣ ਮੁਕਤ ਹਰੀ ਦੀਵਾਲੀ ਮਨਾਉਣ ਦਾ ਦਿੱਤਾ ਸੰਦੇਸ਼

ਫ਼ਿਰੋਜ਼ਪੁਰ, 19 ਅਕਤੂਬਰ (ਗੁਰਿੰਦਰ ਸਿੰਘ)- ਪ੍ਰਦੂਸ਼ਣ ਮੁਕਤ ਤੇ ਹਰੀ ਦੀਵਾਲੀ ਮਨਾਉਣ ਦੇ ਉਦੇਸ਼ ਨਾਲ ਡੀ.ਸੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਮਦਨ ਲਾਲ ਢੀਂਗਰਾ ਪਾਰਕ ਵਿਖੇ ਨੁੱਕੜ ਨਾਟਕ ਸਮੇਤ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਸੈਂਕੜੇ ਲੋਕਾਂ ਨੇ ਹਿੱਸਾ ਲਿਆ ਤੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸ਼ਲਾਘਾ ਕੀਤੀ। ਡਿਪਟੀ ਪ੍ਰਿੰਸੀਪਲ ਮਨੀਸ਼ ਬੰਗਾ ਨੇ ਦੱਸਿਆ ਕਿ ਸਕੂਲ ਦੀ ਮਿਊਜ਼ਿਕ ਟੀਮ ਨੇ ਜਿੱਥੇ ਗੀਤਾਂ ਰਾਹੀਂ ਸਾਰਿਆਂ ਨੂੰ ਬੰਨ੍ਹਿਆ ਉੱਥੇ ਉਨ੍ਹਾਂ ਨੇ ਨਾਟਕ ਰਾਹੀਂ ਵੱਖ-ਵੱਖ ਵਿਸ਼ਿਆਂ 'ਤੇ ਸੁਨੇਹੇ ਵੀ ਦਿੱਤੇ। ਮੁੱਖ ਅਧਿਆਪਕਾ ਰਿਤਿਕਾ ਸੋਨੀ ਨੇ ਕਿਹਾ ਕਿ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਦਾ ਸੰਦੇਸ਼ ਦੇਣ ਦੇ ਨਾਲ-ਨਾਲ ਵਿਦਿਆਰਥੀਆਂ ਨੇ ਇਸ ਤਿਉਹਾਰ ਨੂੰ ਆਪਸੀ ਭਾਈਚਾਰੇ, ਸਦਭਾਵਨਾ ਅਤੇ ਪਿਆਰ ਨਾਲ ਜਿਊਣ ਤੇ ਬੁਰਾਈਆਂ ਨੂੰ ਤਿਆਗਣ ਦਾ ਸੰਕਲਪ ਵੀ ਲਿਆ। ਛੋਟੇ ਵਿਦਿਆਰਥੀਆਂ ਨੇ ਪਾਣੀ ਬਚਾਉਣ 'ਤੇ ਅਤੇ ਏ.ਪੀ.ਜੇ. ਅਬਦੁਲ ਕਲਾਮ ਦੇ ਜਨਮ ਦਿਨ ਨੂੰ ਸਮਰਪਿਤ ਨਾਟਕ ਵੀ ਪੇਸ਼ ਕੀਤਾ ਗਿਆ। ਰਿਤਿਕਾ ਸੋਨੀ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਨੂੰ ਹਰ ਤਿਉਹਾਰ ਸ਼ਰਧਾ ਨਾਲ ਮਨਾਉਣ ਲਈ ਪ੍ਰੇਰਿਤ ਕਰਦਾ ਹੈ ਤੇ ਸ਼ਹਿਰ ਦੇ ਵੱਖ-ਵੱਖ ਖੇਤਰਾਂ 'ਚ ਨਾਟਕ ਪੇਸ਼ ਕਰਕੇ ਜਾਗਰੂਕਤਾ ਵੀ ਫੈਲਾਉਂਦਾ ਹੈ। ਡਾ. ਗੁਰਨਾਮ ਸਿੰਘ ਫਰਮਾਹ, ਡਾ. ਅਮਰਿੰਦਰ ਸਿੰਘ, ਸੁਰਜੀਤ ਸੇਠੀ ਨੇ ਦੱਸਿਆ ਕਿ ਸਕੂਲ ਪ੍ਰਸ਼ਾਸਨ ਨੇ ਦੀਵਾਲੀ ਤੋਂ ਪਹਿਲਾਂ ਚੰਗੀ ਪਹਿਲ ਕੀਤੀ ਹੈ। ਉਨ੍ਹਾਂ ਨੇ ਸਾਰੇ ਬੱਚਿਆਂ ਨੂੰ ਅਸ਼ੀਰਵਾਦ ਵੀ ਦਿੱਤਾ ਹੈ। ਇਸ ਮੌਕੇ ਡੀ.ਜੀ.ਐੱਮ. ਐਡਮਿਨ ਅਨੂ ਸ਼ਰਮਾ, ਏ.ਜੀ.ਐੱਮ. ਹਿਨਾ ਅਰੋੜਾ, ਕੋਆਰਡੀਨੇਟਰ ਨੀਰੂ ਅਰੋੜਾ, ਸ਼ਿਖਾ, ਗੀਤੂ, ਹਰਪ੍ਰੀਤ, ਦਿਵਿਆ, ਸਾਨੀਆ ਕਾਲਰਾ ਵੀ ਮੌਜੂਦ ਸਨ।

ਬਲਾਕ ਫ਼ਿਰੋਜ਼ਪੁਰ-2 ਦੀਆਂ ਖੇਡਾਂ ਵਿਚ ਭਾਗ ਲੈਣ ਵਾਲੇ ਬੱਚਿਆਂ ਨਾਲ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਕੋਮਲ ਅਰੋੜਾ। ਨਾਲ ਬੀ.ਪੀ.ਈ.ਓ. ਰਾਜਨ ਨਰੂਲਾ ਤੇ ਹੋਰ। ਅਜੀਤ ਤਸਵੀਰ

ਬਲਾਕ ਫ਼ਿਰੋਜ਼ਪੁਰ-2 ਦੀਆਂ ਸਕੂਲ ਖੇਡਾਂ ਸ਼ਾਨੋ-ਸ਼ੌਕਤ ਨਾਲ ਹੋਈਆਂ ਸਮਾਪਤ

ਫ਼ਿਰੋਜ਼ਪੁਰ, 19 ਅਕਤੂਬਰ (ਗੁਰਿੰਦਰ ਸਿੰਘ)- ਸਕੂਲ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸੀ.) ਸੁਨੀਤਾ ਰਾਣੀ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸੀ.) ਕੋਮਲ ਅਰੋੜਾ ਰਹਿਨੁਮਾਈ ਹੇਠ, ਜ਼ਿਲ੍ਹਾ ਫ਼ਿਰੋਜ਼ਪੁਰ ਦੇ ਬਲਾਕ ਫ਼ਿਰੋਜ਼ਪੁਰ 2 ਦੀਆਂ ਤਿੰਨ ਰੋਜ਼ਾ ਖੇਡਾਂ ਸਰਕਾਰੀ ਪ੍ਰਾਇਮਰੀ ਸਕੂਲ ਸੋਢੇ ਵਾਲਾ ਵਿਖੇ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋਈਆਂ। ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਾਜਨ ਨਰੂਲਾ ਦੀ ਅਗਵਾਈ ਹੇਠ ਕਰਵਾਈਆਂ ਖੇਡਾਂ ਦੇ ਸਮਾਪਤੀ ਸਮਾਰੋਹ 'ਚ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸੀ.) ਕੋਮਲ ਅਰੋੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਕੋਮਲ ਅਰੋੜਾ ਤੇ ਰਾਜਨ ਨਰੂਲਾ ਨੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਖੇਡ ਟੂਰਨਾਮੈਂਟ ਕਰਵਾਉਣ ਨਾਲ ਬਲਾਕ ਤੋਂ ਜ਼ਿਲ੍ਹਾ ਤੇ ਜ਼ਿਲ੍ਹੇ ਤੋਂ ਪੰਜਾਬ ਪੱਧਰ ਦੇ ਖਿਡਾਰੀ ਪੈਦਾ ਹੁੰਦੇ ਹਨ। ਉਨ੍ਹਾਂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਕਿਹਾ ਕਿ ਜੇਤੂ ਟੀਮਾਂ ਜਿੱਥੇ ਵਧਾਈ ਦੀਆਂ ਪਾਤਰ ਹਨ ਉੱਥੇ ਜੇਤੂਆਂ ਨਾਲ ਮੁਕਾਬਲਾ ਕਰਨ ਵਾਲੀਆਂ ਟੀਮਾਂ ਬਰਾਬਰ ਵਧਾਈ ਦੀਆਂ ਹੱਕਦਾਰ ਹਨ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਸਭਿਆਚਾਰਕ ਗਤੀਵਿਧੀ ਦੀ ਪੇਸ਼ਕਾਰੀ ਵੀ ਕੀਤੀ। ਖੇਡਾਂ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਮਹਿੰਦਰ ਸਿੰਘ ਸ਼ੈਲੀ ਤੇ ਸਰਬਜੀਤ ਸਿੰਘ ਭਾਵੜਾ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਇੰਚਾਰਜ ਬਲਾਕ ਖੇਡਾਂ ਕਵਲਬੀਰ ਸਿੰਘ, ਬੀ.ਐੱਸ.ਓ. ਅਤਰ ਸਿੰਘ ਗਿੱਲ, ਸੀ.ਐੱਚ.ਟੀ. ਪਰਮਿੰਦਰਜੀਤ ਕੌਰ, ਅੰਜੂ ਬਾਲਾ, ਨਤਾਸ਼ਾ ਚੌਧਰੀ, ਰਾਧਿਕਾ, ਸਕੂਲ ਮੁਖੀ ਸੋਢੇ ਗੁਰਮੀਤ ਸਿੰਘ, ਮਹਿੰਦਰ ਸਿੰਘ ਸ਼ੈਲੀ, ਹਰਜੀਤ ਸਿੰਘ ਸਿੱਧੂ, ਤਰਸੇਮ ਸਿੰਘ, ਜਗਜੀਤ ਸਿੰਘ, ਨਿਰਮਲ ਸਿੰਘ, ਜਗਦੀਪ ਘਈ, ਬਲਕਾਰ ਸਿੰਘ ਗਿੱਲ, ਸੰਜੇ ਚੌਧਰੀ, ਰਾਜੇਸ਼ ਮੱਕੜ, ਪਰਮਜੀਤ ਸਿੰਘ, ਅਮਿਤ ਸੋਨੀ, ਜਸਪ੍ਰੀਤ ਪੁਰੀ, ਅਮਰੀਕ ਸਿੰਘ, ਮਨਦੀਪ ਸਿੰਘ, ਸੰਦੀਪ ਕੌਰ, ਨਿਸ਼ਾ ਕੰਬੋਜ, ਸਮਨਦੀਪ ਕੌਰ, ਸੁਖਦੇਵ ਸਿੰਘ, ਪ੍ਰਗਟ ਸਿੰਘ ਗਿੱਲ, ਤਰਸੇਮ ਲਾਲ, ਜਸਬੀਰ ਸਿੰਘ, ਬਲਜਿੰਦਰ ਸਿੰਘ ਇੰਟਰਨੈਸ਼ਨਲ ਖਿਡਾਰੀ ਪ੍ਰਗਟ ਸਿੰਘ ਗਿੱਲ, ਸਰਪੰਚ ਮੰਗਲ ਤੇ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

ਨੈਸ਼ਨਲ ਡਿਗਰੀ ਕਾਲਜ ਚੁਵਾੜਿਆਂ ਵਾਲੀ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਫ਼ਾਜ਼ਿਲਕਾ, 19 ਅਕਤੂਬਰ (ਦਵਿੰਦਰ ਪਾਲ ਸਿੰਘ)- ਨੈਸ਼ਨਲ ਡਿਗਰੀ ਕਾਲਜ ਚੁਵਾੜਿਆਂ ਵਾਲੀ ਫ਼ਾਜ਼ਿਲਕਾ ਵਿਖੇ ਦੀਵਾਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਸੋਲੋ ਡਾਂਸ, ਗਰੁੱਪ ਡਾਂਸ, ਗਿੱਧਾ, ਭੰਗੜਾ ਆਦਿ ਵਿਚ ਭਾਗ ਲਿਆ। ਕਾਲਜ ਦੇ ਪ੍ਰਿੰਸੀਪਲ ਡਾ. ਰਚਨਾ ਮਹਿਰੋਕ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਗਰੀਨ ਦੀਵਾਲੀ ਮਨਾਉਣ ਤੇ ਪਟਾਕੇ ਨਾ ਚਲਾਉਣ ਲਈ ਪ੍ਰੇਰਿਤ ਕੀਤਾ। ਕਾਲਜ ਦੇ ਚੇਅਰਮੈਨ ਜਸਪਾਲ ਸਿੰਘ ਸੰਧੂ ਤੇ ਅਜਮੇਰ ਸਿੰਘ ਨੇ ਕਾਲਜ ਵਿਚ ਪੌਦੇ ਲਗਾ ਕੇ ਵਿਦਿਆਰਥੀਆਂ ਨੂੰ ਗਰੀਨ ਦੀਵਾਲੀ ਮਨਾਉਣ ਦਾ ਸੰਕੇਤ ਦਿੱਤਾ ਤੇ ਸਾਰੇ ਸਟਾਫ਼ ਨੂੰ ਦੀਵਾਲੀ ਗਿਫ਼ਟ ਦੇ ਕੇ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

ਨੈਸ਼ਨਲ ਡਿਗਰੀ ਕਾਲਜ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਮੌਕੇ ਕਾਲਜ ਪ੍ਰਿੰਸੀਪਲ ਡਾ.ਰਚਨਾ ਮਹਿਰੋਕ ਤੇ ਸਮੂਹ ਕਾਲਜ ਸਟਾਫ਼ ਬੂਟਾ ਲਗਾਉਂਦਾ ਹੋਇਆ। ਅਜੀਤ ਤਸਵੀਰ

ਜੇਤੂ ਬੱਚਿਆਂ ਨੂੰ ਇਨਾਮ ਦਿੰਦੇ ਹੋਏ ਬੀ.ਪੀ.ਈ.ਓ. ਮੈਡਮ ਹਰਜੀਤ ਕੌਰ ਤੇ ਸਕੂਲ ਸਟਾਫ਼ ਅਤੇ ਭੰਗੜੇ ਦੀ ਪੇਸ਼ਕਾਰੀ ਕਰਦੇ ਸਕੂਲ ਦੇ ਵਿਦਿਆਰਥੀ। ਅਜੀਤ ਤਸਵੀਰ

ਪ੍ਰਾਇਮਰੀ ਸਕੂਲੀ ਬਲਾਕ ਪੱਧਰੀ ਖੇਡਾਂ ਹੋਈਆਂ ਸਮਾਪਤ

ਮੱਲਾਂਵਾਲਾ, 19 ਅਕਤੂਬਰ (ਬਲਬੀਰ ਸਿੰਘ ਜੋਸਨ)- ਬਲਾਕ ਮੱਲਾਂਵਾਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੀਆਂ ਬਲਾਕ ਪੱਧਰ ਦੀਆਂ ਖੇਡਾਂ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਭੜਾਣਾ ਦੇ ਗਰਾਊਂਡ 'ਚ ਕਰਵਾਈਆਂ ਗਈਆਂ। ਇਹ ਖੇਡਾਂ ਪਹਿਲਾਂ ਸਕੂਲ ਵਿਚ ਸ਼ੁਰੂ ਹੋਈਆਂ। ਫਿਰ ਸੈਂਟਰ ਤੇ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਭੜਾਣਾ ਦੀ ਗਰਾਊਂਡ ਵਿਚ ਬਲਾਕ ਪੱਧਰ ਦੀਆਂ ਖੇਡਾਂ ਸਮਾਪਤ ਹੋਈਆਂ। ਲਗਭਗ 20 ਤਰ੍ਹਾਂ ਦੀਆਂ ਖੇਡਾਂ ਵਿਚ ਬਲਾਕ ਮੱਲਾਂਵਾਲਾ ਦੇ ਤਕਰੀਬਨ ਹੀ ਸਾਰੇ ਸਕੂਲਾਂ ਨੇ ਭਾਗ ਲਿਆ। ਇਹਨਾਂ ਖੇਡਾਂ ਨੂੰ ਲੈ ਕੇ ਆਪਣੇ ਆਪਣੇ ਬੱਚਿਆਂ ਦੀ ਤਿਆਰੀ ਪ੍ਰਤੀ ਅਧਿਆਪਕਾਂ 'ਚ ਭਾਰੀ ਉਤਸ਼ਾਹ ਸੀ। ਇਹਨਾਂ ਖੇਡਾਂ ਵਿਚ ਬਲਾਕ ਮੱਲਾਂਵਾਲਾ ਖ਼ਾਸ ਦੇ ਬੀ.ਪੀ.ਓ. ਮੈਡਮ ਹਰਜੀਤ ਕੌਰ ਮੁੱਖ ਮਹਿਮਾਨ ਵਜੋਂ ਪਹੁੰਚੇ। ਇਹ ਸਾਰੀਆਂ ਖੇਡਾਂ ਉਨ੍ਹਾਂ ਦੀ ਦੇਖ-ਰੇਖ ਹੇਠ ਹੋਈਆਂ। ਬਸਤੀ ਅਮਰ ਸਿੰਘ ਦੇ ਸਰਕਾਰੀ ਸਕੂਲ ਦੇ ਅਧਿਆਪਕ ਜੈਪਾਲ ਉੱਪਲ ਨੇ ਦੱਸਿਆ ਕਿ ਪਿਛਲੇ ਕੁੱਝ ਦਿਨਾਂ ਤੋਂ ਇਹ ਬਲਾਕ ਪੱਧਰੀ ਖੇਡਾਂ ਚੱਲ ਰਹੀਆਂ ਸਨ ਜਿਨ੍ਹਾਂ ਦਾ ਅੱਜ ਫਾਈਨਲ ਸੀ। ਇਹਨਾਂ ਖੇਡਾਂ ਵਿਚ ਕਬੱਡੀ ਨੈਸ਼ਨਲ ਸਟਾਈਲ, ਖੋ-ਖੋ, ਕਬੱਡੀ ਪੰਜਾਬ ਸਟਾਈਲ, ਮਿੰਨੀ ਹੈਂਡਬਾਲ, ਫੁੱਟਬਾਲ ਹਾਕੀ 6 ਸਾਈਡ, ਕੁਸ਼ਤੀ ਵਰਗ 25, 28, 30, 32 ਤੇ 34 ਦੌੜਾਂ ਮੀਟਰ 200 ਮੀਟਰ 400 ਮੀਟਰ 600 ਮੀਟਰ, ਸ਼ਾਟ ਪੁੱਟ, ਲੰਮੀ ਛਾਲ, ਕਰਾਟੇ, ਬੈਡਮਿੰਟਨ ਡਬਲ, ਬੈਡਮਿੰਟਨ ਸਿੰਗਲ, ਯੋਗਾ, ਸ਼ਤਰੰਜ ਤੇ ਰਿਲੇਅ ਆਦਿ ਖੇਡਾਂ ਕਰਵਾਈਆਂ ਗਈਆਂ। ਮੁੱਖ ਮਹਿਮਾਨ ਸ੍ਰੀਮਤੀ ਹਰਜੀਤ ਕੌਰ ਬੀ.ਪੀ.ਈ.ਓ ਮੱਲਾਂਵਾਲਾ, ਸਾਰੇ ਸੈਂਟਰ ਹੈੱਡ ਟੀਚਰ, ਜਿਨ੍ਹਾਂ ਵਿਚ ਸੈਂਟਰ ਹੈੱਡ ਲਹੁਕੇ ਖ਼ੁਰਦ ਭਾਰਤ ਪ੍ਰਤਾਪ, ਸੈਂਟਰ ਹੈੱਡ ਨਾੜੇ ਸੁਨੀਲ ਕੁਮਾਰ, ਸੈਂਟਰ ਹੈੱਡ ਰੋਡੇ ਜੱਲੇ ਵਾਲਾ ਹਰਜੀਤ ਸਿੰਘ, ਸੈਂਟਰ ਭੜਾਣਾ ਤੋਂ ਸੰਦੀਪ ਸ਼ਰਮਾ, ਸੈਂਟਰ ਹੈੱਡ ਬਹਿਕ ਗੁੱਜਰਾਂ ਨਿਰਮਲ ਕੌਰ ਅਤੇ ਸਕੂਲਾਂ ਦੇ ਅਧਿਆਪਕਾਂ ਵਲੋਂ ਜੇਤੂ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਗਏ। ਖੇਡਾਂ ਦੇ ਨਾਲ ਨਾਲ ਰੰਗਾਂ ਰੰਗ ਪ੍ਰੋਗਰਾਮ ਵੀ ਹੋਇਆ। ਜਿਸ ਵਿਚ ਬੱਚਿਆਂ ਦੀ ਵਧੀਆ ਪੇਸ਼ਕਾਰੀ ਨੇ ਖ਼ਾਸਾ ਰੰਗ ਬੰਨ੍ਹਿਆ। ਮੁੱਖ ਮਹਿਮਾਨ ਵਲੋਂ ਭੰਗੜੇ ਵਾਲੇ ਬੱਚਿਆਂ ਨੂੰ ਨਗਦ ਇਨਾਮ ਵੀ ਦਿੱਤਾ ਗਿਆ। ਤਿੰਨ ਦਿਨ ਲੰਗਰ, ਚਾਹ, ਪਾਣੀ ਦੀ ਵਿਵਸਥਾ ਬਹੁਤ ਵਧੀਆ ਸੀ। ਇਸ ਮੌਕੇ ਲੰਗਰ ਦੀ ਦੇਖ ਰੇਖ ਕਰਨ ਵਾਲੇ ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਾਰੇ ਪ੍ਰੋਗਰਾਮ 'ਚ ਪ੍ਰਵੀਨ ਕੁਮਾਰ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਜੌੜਾ ਨੇ ਸਟੇਜ ਦੀ ਭੂਮਿਕਾ ਬਖ਼ੂਬੀ ਨਿਭਾਈ।

ਹਲਕਾ ਵਿਧਾਇਕ ਰਜਨੀਸ਼ ਦਹੀਆ ਨੇ ਹੜ੍ਹ ਪੀੜਤਾਂ ਨੂੰ 11.38 ਲੱਖ ਰੁਪਏ ਦੇ ਪ੍ਰਵਾਨਗੀ ਪੱਤਰ ਵੰਡੇ

ਮਮਦੋਟ, 19 ਅਕਤੂਬਰ (ਸੁਖਦੇਵ ਸਿੰਘ ਸੰਗਮ)- ਪਿਛਲੇ ਦਿਨੀਂ ਪੰਜਾਬ ਵਿਚ ਆਏ ਹੜ੍ਹਾਂ ਕਾਰਨ ਹੋਏ ਕਿਸਾਨਾਂ ਦੇ ਵੱਡੇ ਨੁਕਸਾਨ ਦੀ ਪੂਰਤੀ ਲਈ ਪੰਜਾਬ ਸਰਕਾਰ ਵਲੋਂ ਕੀਤੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਹਲਕਾ ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਨੇ ਹੜ੍ਹ ਪੀੜਤ ਕਿਸਾਨਾਂ ਨੂੰ ਮਦਦ ਰਾਸ਼ੀ ਦੇ ਪ੍ਰਵਾਨਗੀ ਪੱਤਰ ਵੰਡੇ। ਮਾਰਕੀਟ ਕਮੇਟੀ ਮਮਦੋਟ ਵਿਖੇ ਹੋਏ ਸਮਾਗਮ ਦੌਰਾਨ ਕੁੱਲ 48 ਕਿਸਾਨਾਂ ਨੂੰ 11 ਲੱਖ 38 ਹਜ਼ਾਰ ਰੁਪਏ ਦੀ ਰਾਸ਼ੀ ਸਿੱਧੇ ਤੌਰ 'ਤੇ ਉਨ੍ਹਾਂ ਦੇ ਖਾਤਿਆਂ 'ਚ ਭੇਜਣ ਦੀ ਪ੍ਰਵਾਨਗੀ ਦਿੱਤੀ ਗਈ। ਆਪਣੇ ਸੰਬੋਧਨ ਦੌਰਾਨ ਵਿਧਾਇਕ ਨੇ ਕਿਹਾ ਕਿ ਹੜ੍ਹਾਂ ਨਾਲ ਪ੍ਰਭਾਵਿਤ